**PANJAB UNIVERSITY, CHANDIGARH**

No.1219-1360/R/DS
Date: 16-08-2017

## CIRCULAR

In the communication received from the Joint Secretary, Scheduled Castes, Backward Categories and Minority Community Welfare Department, Govt. of Punjab, vide No. 7/3/2015-RS1/1033779/1-8 dated 28.7.2016 (copy enclosed), attention has been drawn to the Office Memorandum issued by the Govt. of India vide No. 12025/14/90-SCD dated 16.08.1990.

Vide the OM dated 16.08.1990 instructions were issued to avoid the use of words viz. Harijan and Girijan in certificates of Scheduled Castes/Scheduled Tribes, official work and to ensure the compliance of these instructions in totality by the Govt. of India.

This circular is being issued for necessary information and necessary compliance.

Sd/-
Col. G.S. Chadha (Retd.)
Registrar

Issued to:-

Chairpersons/Directors/Co-ordinators/Heads of all Teaching/Non-teaching Departments/Branches for implementation and wide circulation.

ਨੰ: 7/3/2015-ਰਸ1/ 1033779/1-8

**ਪੰਜਾਬ ਸਰਕਾਰ**
**ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਭਲਾਈ ਵਿਭਾਗ**
**(ਰਿਜ਼ਰਵੇਸ਼ਨ ਸੈੱਲ)**

ਸੇਵਾ ਵਿਖੇ,

1) ਰਾਜ ਦੇ ਸਮੂਹ ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ/ਪ੍ਰਬੰਧਕੀ ਸਕੱਤਰ;
2) ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈ ਕੋਰਟ;
3) ਰਾਜ ਦੀਆਂ ਸਮੂਹ ਡਵੀਜ਼ਨਾਂ ਦੇ ਕਮਿਸ਼ਨਰਜ਼;
4) ਰਾਜ ਦੇ ਸਮੂਹ ਇੰਸਪੈਕਟਰ ਜਨਰਲ, ਪੁਲਿਸ/ਡਿਪਟੀ ਇੰਸਪੈਕਟਰ ਜਨਰਲ, ਪੁਲਿਸ;
5) ਰਾਜ ਦੇ ਸਮੂਹ ਜਿਲ੍ਹਾ ਅਤੇ ਸੈਸ਼ਨਜ਼ ਜੱਜ;
6) ਰਾਜ ਦੇ ਸਮੂਹ ਡਿਪਟੀ ਕਮਿਸ਼ਨਰਜ਼;
7) ਰਾਜ ਦੇ ਸਮੂਹ ਪੁਲਿਸ ਕਮਿਸ਼ਨਰਜ਼/ਸੀਨੀਅਰ ਪੁਲਿਸ ਕਪਤਾਨ;
8) ਰਾਜ ਦੇ ਸਮੂਹ ਉਪ ਮੰਡਲ ਅਫ਼ਸਰ (ਸਿਵਲ)।

ਮਿਤੀ, ਚੰਡੀਗੜ੍ਹ: 28/07/2017

**ਵਿਸ਼ਾ:** **ਅਨੁਸੂਚਿਤ ਜਾਤੀ ਦੇ ਸਰਟੀਫਿਕੇਟਾਂ, ਦਫ਼ਤਰੀ ਕੰਮ-ਕਾਜ ਵਿੱਚ "ਹਰੀਜਨ" ਅਤੇ "ਗਿਰੀਜਨ" ਸ਼ਬਦ ਦੀ ਵਰਤੋਂ ਤੋਂ ਗੁਰੇਜ਼ ਕਰਨ ਸਬੰਧੀ।**

*****

ਸ੍ਰੀ ਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਸਰਕਾਰ ਦੇ ਪੱਤਰ ਨੰ: 7/3/2015-ਰਸ1/392 ਮਿਤੀ 28-12-2015 ਵੱਲ ਦਿਵਾਉਂਦੇ ਹੋਏ ਇਹ ਦੱਸਣ ਦੀ ਹਦਾਇਤ ਹੋਈ ਹੈ ਕਿ ਇਸ ਪੱਤਰ ਰਾਹੀਂ ਭਾਰਤ ਸਰਕਾਰ ਵੱਲੋਂ OM no. 12025/14/90-SCD ਮਿਤੀ 16.08.1990 ਰਾਹੀਂ ਜਾਰੀ ਹਦਾਇਤਾਂ ਦੇ ਸਨਮੁੱਖ ਇਹ ਲਿਖਿਆਂ ਗਿਆ ਸੀ ਕਿ ਇਹਨਾਂ ਹਦਾਇਤਾਂ ਅਨੁਸਾਰ ਅਨੁਸੂਚਿਤ ਜਾਤੀ/ਅਨੁਸੂਚਿਤ ਕਬੀਲਿਆਂ ਦੇ ਸਰਟੀਫਿਕੇਟਾਂ, ਦਫ਼ਤਰੀ ਕੰਮ-ਕਾਜ ਵਿੱਚ "ਹਰੀਜਨ" ਅਤੇ "ਗਿਰੀਜਨ" ਸ਼ਬਦ ਦੀ ਵਰਤੋਂ ਤੋਂ ਗੁਰੇਜ ਕੀਤਾ ਜਾਵੇ ਅਤੇ ਭਾਰਤ ਸਰਕਾਰ ਦੀਆਂ ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ।

2. ਪਰੰਤੂ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਕੁਝ ਵਿਭਾਗਾਂ/ਸਰਕਾਰੀ ਦਫ਼ਤਰਾਂ ਵੱਲੋਂ ਸਰਕਾਰੀ ਦਫ਼ਤਰੀ ਸ਼ਬਦਾਵਲੀ ਵਿੱਚ ਅਜੇ ਵੀ "ਹਰੀਜਨ/ਗਿਰੀਜਨ" ਸ਼ਬਦ ਦੀ ਵਰਤੋਂ ਕੀਤੀ ਜਾ ਰਹੀ ਹੈ, ਜੋ ਕਿ ਉਪਰੋਕਤ ਹਦਾਇਤਾਂ ਦੀ ਉਲੰਘਣਾਂ ਹੈ। ਇਸ ਲਈ ਆਪ ਨੂੰ ਮੁੜ ਲਿਖਿਆ ਜਾਂਦਾ ਹੈ ਕਿ ਅਨੁਸੂਚਿਤ ਜਾਤੀ/ਅਨੁਸੂਚਿਤ ਕਬੀਲਿਆਂ ਦੇ ਸਰਟੀਫਿਕੇਟਾਂ, ਦਫ਼ਤਰੀ ਕੰਮ-ਕਾਜ ਵਿੱਚ "ਹਰੀਜਨ" ਅਤੇ "ਗਿਰੀਜਨ" ਸ਼ਬਦ ਦੀ ਵਰਤੋਂ ਤੋਂ ਗੁਰੇਜ ਕੀਤਾ ਜਾਵੇ।

3. ਆਪ ਨੂੰ ਬੇਨਤੀ ਹੈ ਕਿ ਇਹ ਹਦਾਇਤਾਂ ਸਮੂਹ ਸਬੰਧਤਾਂ ਦੇ ਧਿਆਨ ਵਿੱਚ ਲਿਆ ਦਿੱਤੀਆਂ ਜਾਣ।

sd/-
**ਸੰਯੁਕਤ ਸਕੱਤਰ ਭਲਾਈ**

ਪਿੱਠਅੰਕਣਨੰ: 7/3/2015-ਰਸ1/ 1033779/9 ਮਿਤੀ, ਚੰਡੀਗੜ੍ਹ 28/07/2017

ਉਪਰੋਕਤ ਦਾ ਇੱਕ ਉਤਾਰਾ ਰਾਜ ਦੇ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

sd/-
**ਸੰਯੁਕਤ ਸਕੱਤਰ ਭਲਾਈ**

ਪਿੱਠ ਅੰਕਣ ਨੰ: 7/3/2015-ਰਸ1/ 1033779/10-14 ਮਿਤੀ, ਚੰਡੀਗੜ੍ਹ 28/07/2017

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1) ਨਿੱਜੀ ਸਕੱਤਰ/ਮਾਨਯੋਗ ਮੁੱਖ ਸਕੱਤਰ, ਪੰਜਾਬ;
2) ਨਿੱਜੀ ਸਕੱਤਰ/ਪ੍ਰਮੁੱਖ ਸਕੱਤਰ, ਮਾਨਯੋਗ ਮੁੱਖ ਮੰਤਰੀ, ਪੰਜਾਬ;
3) ਰਾਜ ਦੇ ਸਮੂਹ ਬੋਰਡਾਂ/ਕਾਰਪੋਰੇਸ਼ਨਾਂ/ਯੂਨੀਵਰਸਿਟੀਆਂ/ਸਵਾਧੀਨ ਸੰਸਥਾਵਾਂ ਦੇ ਮੁੱਖੀ;
4) ਚੇਅਰਮੈਨ, ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ, ਕਮਰਾ ਨੰ:8, ਚੌਥੀ ਮੰਜਿਲ, ਪੰਜਾਬ ਸਿਵਲ ਸਕੱਤਰੇਤ-1, ਚੰਡੀਗੜ੍ਹ
5) ਡਾਇਰੈਕਟਰ, ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।

sd/-
**ਸੰਯੁਕਤ ਸਕੱਤਰ ਭਲਾਈ**